# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :07-01-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪੰਜਾਬ BJP ਦੇ ਪ੍ਰਧਾਨ ਸੁਨੀਲ ਕੁਮਾਰ ਜਾਖੜ ਨੇ ਵਿਕਸਿਤ ਭਾਰਤ-ਜੀ ਰਾਮ ਜੀ ਯੋਜਨਾ ਬਾਰੇ ਜਨ ਜਾਗਰੂਕਤਾ ਮੁਹਿੰਮ ਦੀ ਫਾਜ਼ਿਲਕਾ ਜ਼ਿਲ੍ਹੇ ਤੋਂ ਸ਼ੁਰੂਆਤ ਕੀਤੀ-ਕਿਹਾ ਇਹ ਯੋਜਨਾ "ਸਬਕਾ ਸਾਥ, ਸਬਕਾ ਵਿਕਾਸ" ਨੀਤੀ ਤਹਿਤ ਤਿਆਰ ਕੀਤੀ ਗਈ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਅੱਜ ਫਗਵਾੜਾ ਤੋਂ ਸੂਬੇ ਵਿੱਚ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੇ ਦੂਜੇ ਗੇੜ ਦਾ ਆਗਾਜ਼।
- BSF ਵਲੋਂ ਸ਼ਾਨਦਾਰ ਸੇਵਾਵਾ ਲਈ ਪੁਲਿਸ ਮੈਡਲ ਪ੍ਰਦਾਨ ਕਰਨ ਵਾਸਤੇ ਸਮਾਰੋਹ ਦਾ ਆਯੋਜਨ-24 ਅਧਿਕਾਰੀਆਂ ਅਤੇ ਸੇਵਾਮੁਕਤ ਕਰਮਚਾਰੀਆਂ ਨੂੰ ਕੀਤਾ ਗਿਆ ਸਨਮਾਨਿਤ।

- ਪੰਜਾਬ ਪਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਵਲੋਂ ਭਲਾਈ ਯੋਜਨਾਵਾਂ ਦਾ ਜਾਇਜ਼ਾ ਲਿਆ-ਕਿਹਾ ਯੋਜਨਾਵਾਂ ਦਾ ਬਣਦਾ ਲਾਭ ਲੋੜਵੰਦਾਂ ਨੂੰ ਮੁਹੱਈਆ ਕਰਾਉਣਾ ਯਕੀਨੀ ਬਣਾਇਆ ਜਾਵੇ।
- ਮਾਨਸਾ ਜ਼ਿਲ੍ਹੇ ਵਿਚ ਪਿੱਕਅੱਪ ਗੱਡੀ ਅਤੇ ਮੋਟਰਸਾਈਕਲ ਦੀ ਟੱਕਰ ਵਿੱਚ ਮੋਟਰਸਾਈਕਲ ਸਵਾਰ ਦੋ ਨੌਜ਼ਵਾਨਾਂ ਸਮੇਤ ਤਿੰਨ ਜਣਿਆਂ ਦੀ ਮੌਤ।

---

ਭਾਰਤ ਸਰਕਾਰ ਵਲੋਂ ਗਰੀਬਾਂ ਦੀ ਭਲਾਈ ਲਈ ਬਣਾਈ ਗਈ ਵਿਕਸਿਤ ਭਾਰਤ-ਜੀ ਰਾਮ ਜੀ ਯੋਜਨਾ ਬਾਰੇ ਇੱਕ ਜਨ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਖਿਉਵਾਲੀ ਢਾਬ ਤੋਂ ਕੀਤੀ ਗਈ। ਇਸ ਦੌਰਾਨ ਪੰਜਾਬ BJP ਦੇ ਪ੍ਰਧਾਨ ਸੁਨੀਲ ਕੁਮਾਰ ਜਾਖੜ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਹਮੇਸ਼ਾ "ਸਬਕਾ ਸਾਥ, ਸਬਕਾ ਵਿਕਾਸ" ਦੀ ਨੀਤੀ ਦੀ ਪਾਲਣਾ ਕੀਤੀ ਏ ਅਤੇ ਇਹ ਯੋਜਨਾ ਗਰੀਬਾਂ ਦੀ ਭਲਾਈ ਲਈ ਉਸ ਨੀਤੀ ਦੇ ਅਨੁਸਾਰ ਤਿਆਰ ਕੀਤੀ ਗਈ ਏ। ਸ਼੍ਰੀ ਜਾਖੜ ਨੇ ਕਿਹਾ ਕਿ ਸਰਕਾਰ ਨੇ ਗਰੀਬਾਂ ਲਈ ਰੁਜ਼ਗਾਰ ਦੇ ਦਿਨਾਂ ਦੀ ਗਿਣਤੀ 100 ਤੋਂ ਵਧਾ ਕੇ 125 ਕਰ ਦਿੱਤੀ ਏ ਅਤੇ ਨਵੀਂ ਯੋਜਨਾ ਮਜ਼ਦੂਰਾਂ ਨੂੰ

ਕੰਮ ਨਾ ਦੇਣ ਦੀ ਜ਼ਿੰਮੇਵਾਰੀ ਵੀ ਸਥਾਪਤ ਕਰਦੀ ਏ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨੂੰ ਲਾਗੂ ਕਰਨ ਨਾਲ ਭ੍ਰਿਸ਼ਟਾਚਾਰ ਖਤਮ ਹੋ ਜਾਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਮਜ਼ਦੂਰਾਂ ਦੇ ਬੈਂਕ ਖਾਤਿਆਂ ਵਿੱਚ ਪੂਰਾ ਮਿਹਨਤਾਨਾ ਸਿੱਧਾ ਟ੍ਰਾਂਸਫਰ ਕੀਤਾ  ਜਾਵੇ। ਇਸੇ ਕਰਕੇ ਆਮ ਆਦਮੀ ਪਾਰਟੀ  ਸਰਕਾਰ ਅਤੇ ਕਾਂਗਰਸ ਇਸ ਨਵੀਂ ਗਰੀਬ-ਪੱਖੀ ਯੋਜਨਾ ਦਾ ਵਿਰੋਧ ਕਰ ਰਹੇ ਹਨ ਅਤੇ ਸਮਾਜ ਵਿੱਚ ਇਸ ਵਿਰੁੱਧ ਝੂਠ ਫੈਲਾ ਰਹੇ ਨੇ। BYTE:RNU070126

ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੌਰਾਨ, ਗਰੀਬਾਂ ਦੀ ਭਲਾਈ ਲਈ ਸ਼ੁਰੂ ਕੀਤੀ ਗਈ ਇਸ ਯੋਜਨਾ ਖਿਲਾਫ ਆਮ ਆਦਮੀ ਪਾਰਟੀ ਅਤੇ ਕਾਂਗਰਸ ਵੱਲੋਂ ਫੈਲਾਈ ਜਾ ਰਹੀ ਗਲਤ ਜਾਣਕਾਰੀ ਦਾ ਪਰਦਾਫਾਸ਼ ਕਰਕੇ ਮਜ਼ਦੂਰਾਂ ਨੂੰ ਸੱਚਾਈ ਤੋਂ ਜਾਣੂ ਕਰਵਾਇਆ ਜਾ ਰਿਹਾ ਏ । ਸੁਨੀਲ ਜਾਖੜ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਆਪਣੀਆਂ ਅਸਫਲਤਾਵਾਂ ਨੂੰ ਛੁਪਾਉਣ ਅਤੇ ਅਸਲ ਮੁੱਦਿਆਂ ਤੋਂ ਧਿਆਨ ਹਟਾਉਣ ਲਈ ਇਸ ਯੋਜਨਾ ਵਿਰੁੱਧ ਝੂਠਾ ਪ੍ਰਚਾਰ ਫੈਲਾ ਰਹੀ ਏ। ਓਧਰ ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤਰਨ ਚੁੱਘ ਨੇ ਅੱਜ ਮੰਡੀ ਗੋਬਿੰਦਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਿਕਸਿਤ ਭਾਰਤ ਜੀ ਰਾਮ ਜੀ ਤਹਿਤ ਪਿੰਡਾਂ ਦਾ ਸਰਬ ਪੱਖੀ

ਵਿਕਾਸ ਹੋਵੇਗਾ । ਇਸ ਯੋਜਨਾ ਤਹਿਤ ਕੇਂਦਰ ਸਰਕਾਰ ਵੱਲੋਂ ਨਿਸ਼ਚਿਤ ਕੀਤੀ ਗਈ 60- ਤੋਂ 40 ਦੇ ਰਾਸ਼ੀ ਅਨੁਪਾਤ ਸਬੰਧੀ ਬੋਲਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਵਲੋਂ ਇਸ਼ਤਿਹਾਰਬਾਜ਼ੀ ਤੇ ਕਰੋੜਾਂ ਰੁਪਇਆ ਖਰਚ ਕੀਤਾ ਜਾ ਸਕਦਾ ਏ ਤਾਂ ਅਜਿਹੇ ਮਾਮਲਿਆਂ ਤੇ ਭਰਮ ਭੁਲੇਖੇ ਖੜੇ ਨਹੀਂ ਕਰਨੇ ਚਾਹੀਦੇ। ਓਹਨਾ ਕਿਹਾ ਕੇ ਲੋਕਾਂ ਨੂੰ 100 ਦਿਨ ਕੰਮ ਕਰਨ ਨੂੰ ਦੇਣ ਦੀ ਬਜਾਏ ਹੁਣ ਪ੍ਰਧਾਨ ਮੰਤਰੀ ਵਲੋਂ 125 ਦਿਨ ਗਰੰਟੀ ਕੰਮ ਦੇਣ ਦੇ ਨਾਲ ਨਾਲ ਹੋਰ ਕਈ ਕੰਮਾਂ ਨੂੰ ਵੀ ਜੋੜਿਆ ਗਿਆ ਹੈ।

ਓਹਨਾ ਕਿਹਾ ਕਿ ਪੰਜਾਬ ਵਿਚ ਬੀਤੇ 4 ਸਾਲਾਂ ਵਿਚ ਮਨਰੇਗਾ ਦੇ ਕੰਮਾਂ ਵਿੱਚ ਵੱਡੀਆਂ ਬੇਨਿਯਮੀਆਂ ਸਾਹਮਣੇ ਆਈਆਂ ਨੇ ਜਿਸ ਦੀ ਜਾਂਚ ਵੀ ਕਰਵਾਈ ਜਾ ਰਹੀ ਏ ਪਰ ਇਸ ਵਿੱਚ ਪੰਜਾਬ ਸਰਕਾਰ ਵੱਲੋਂ ਕੋਈ ਸਹਿਯੋਗ ਨਹੀਂ ਦਿੱਤਾ ਜਾ ਰਿਹਾ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਫਗਵਾੜਾ ਦੀ ਇੱਕ ਯੂਨੀਵਰਸਿਟੀ ਤੋਂ ਸੂਬੇ ਵਿੱਚ 'ਯੁੱਧ ਨਸ਼ਿਆਣ ਵਿਰੁਧ' ਮੁਹਿੰਮ ਦੇ ਦੂਜੇ ਗੇੜ ਦੀ ਸ਼ੁਰੂਆਤ ਕੀਤੀ। ਸੂਬੇ ਭਰ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ, ਪੰਚਾਂ ਅਤੇ ਹੋਰਨਾਂ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ, ਮੁੱਖ ਮੰਤਰੀ

ਨੇ ਉਨ੍ਹਾਂ ਨੂੰ ਨੌਜਵਾਨਾਂ ਨੂੰ ਬਚਾਉਣ ਲਈ ਇਸ ਖ਼ਤਰੇ ਨਾਲ ਲੜਨ ਵਾਸਤੇ ਇੱਕਜੁੱਟ ਹੋਣ ਦਾ ਸੱਦਾ ਦਿੱਤਾ । ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਆਦੀ ਲੋਕਾਂ ਨਾਲ ਨਫ਼ਰਤ ਕਰਨ ਦੀ ਬਜਾਏ, ਪਿਆਰ ਅਤੇ ਦੇਖਭਾਲ ਨਾਲ ਉਨ੍ਹਾਂ ਦੀ ਭਾਵਨਾਤਮਕ ਤੌਰ 'ਤੇ ਨਸ਼ੇ ਤੋਂ ਬਾਹਰ ਆਉਣ ਵਿੱਚ ਮਦਦ ਕਰਨੀ ਚਾਹੀਦੀ ਏ । BYTE:

ਬਾਅਦ ਵਿੱਚ, ਮੁੱਖ ਮੰਤਰੀ ਨੇ ਹੋਰ ਪਤਵੰਤਿਆਂ ਦੇ ਨਾਲ ਮਿਲ ਕੇ 9899-100-002 'ਤੇ ਮਿਸਡ ਕਾਲ ਕਰਕੇ ਨਸ਼ਿਆਂ ਬਾਰੇ ਜਾਣਕਾਰੀ ਦੇਣ ਲਈ ਪਿੰਡ ਰੱਖਿਆ ਕਮੇਟੀਆਂ ਲਈ ਯੁੱਧ ਨਸ਼ਿਆਂ ਵਿਰੁਧ 'ਤੇ ਇੱਕ ਮੋਬਾਈਲ ਐਪਲੀਕੇਸ਼ਨ ਵੀ ਜਾਰੀ ਕੀਤੀ। ਕਾਨੂੰਨ ਅਤੇ ਵਿਵਸਥਾ, ਬਾਰੇ ਵਿਸ਼ੇਸ਼ ਡੀਜੀਪੀ, ਅਰਪਿਤ ਸ਼ੁਕਲਾ ਨੇ ਕਿਹਾ ਕਿ ਮੁਹਿੰਮ ਦੇ ਪਹਿਲੇ ਗੇੜ  ਦੇ ਪਿਛਲੇ 9 ਮਹੀਨਿਆਂ ਦੌਰਾਨ, 90 ਹਜ਼ਾਰ ਨਸ਼ਾ ਕਰਨ ਵਾਲਿਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖਲ ਕੀਤਾ ਗਿਆ ਸੀ ਤਾਂ ਜੋ ਉਨ੍ਹਾਂ ਨੂੰ ਮੁੱਖ ਧਾਰਾ ਵਿੱਚ ਵਾਪਸ ਲਿਆਂਦਾ ਜਾ ਸਕੇ। ਉਨ੍ਹਾਂ ਜ਼ਿਕਰ ਕੀਤਾ ਕਿ ਹਜ਼ਾਰਾਂ ਜਨਤਕ ਮੀਟਿੰਗਾਂ, ਜਾਗਰੂਕਤਾ ਮੁਹਿੰਮਾਂ ਦਾ ਆਯੋਜਨ ਕੀਤਾ ਗਿਆ। ਨਸ਼ਾ ਤਸਕਰਾਂ ਖਿਲਾਫ ਨਸ਼ਿਆਂ ਨੂੰ ਰੋਕਣ ਬਾਰੇ ਵਿਰੁੱਧ ਐਕਟ ਤਹਿਤ 30 ਹਜ਼ਾਰ ਤੋਂ ਵੱਧ ਮਾਮਲੇ ਦਰਜ ਕੀਤੇ

ਗਏ ਅਤੇ ਸਪਲਾਈ ਚੇਨ ਨੂੰ ਰੋਕਣ ਲਈ ਨਸ਼ਿਆਂ ਦੇ ਕਾਰੋਬਾਰ ਦੇ 358 ਵੱਡੇ ਤਸਕਰਾਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ। BYTE:

-------------------------------------------------------

ਸੀਮਾ ਸੁਰੱਖਿਆ ਬਲ ਦੀ ਪੱਛਮੀ ਕਮਾਂਨ ਨੇ ਲਖਨੌਰ ਕੈਂਪਸ ਮੋਹਾਲੀ ਵਿਖੇ ਸੇਵਾ ਨਿਭਾ ਰਹੇ ਅਤੇ ਸੇਵਾਮੁਕਤ ਬੀ.ਐਸ.ਐਫ ਕਰਮਚਾਰੀਆਂ ਨੂੰ ਸ਼ਾਨਦਾਰ ਸੇਵਾ ਲਈ ਪੁਲਿਸ ਮੈਡਲਾਂ ਨਾਲ ਸਨਮਾਨਿਤ ਕਰਨ ਲਈ ਸਮਾਰੋਹ ਦਾ ਆਯੋਜਨ ਕੀਤਾ। ਇਸ ਮੌਕੇ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ । ਇਸ ਮੌਕੇ ਸੰਬੋਧਨ ਕਰਦਿਆਂ ਰਾਜਪਾਲ ਨੇ ਸ਼ਾਂਤੀ ਦੇ ਨਾਲ-ਨਾਲ ਜੰਗ ਦੌਰਾਨ ਭਾਰਤ-ਪਾਕਿਸਤਾਨ ਅਤੇ ਭਾਰਤ-ਬੰਗਲਾਦੇਸ਼ ਸਰਹੱਦ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸੁਰੱਖਿਅਤ ਕਰਨ ਵਿੱਚ ਬੀਐਸਐਫ ਅਧਿਕਾਰੀਆਂ ਅਤੇ ਜਵਾਨਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ। BYTE:RNU070126

ਬੀ.ਐਸ.ਐਫ ਪੱਛਮੀ ਕਮਾਂਨ ਦੇ ADG ਸਤੀਸ਼ ਐਸ ਖੰਡਾਰੇ ਨੇ ਬੀਐਸਐਫ ਦੇ ਸ਼ਾਨਦਾਰ ਪਿਛੋਕੜ 'ਆਪ੍ਰੇਸ਼ਨ ਸਿੰਦੂਰ' ਦੌਰਾਨ ਬੀ.ਐਸ.ਐਫ ਦੀ ਭੂਮਿਕਾ ਬਾਰੇ ਯਾਦ ਦਿਵਾਇਆ ਅਤੇ ਡਿਊਟੀ ਦੌਰਾਨ ਆਪਣੀ ਜਾਨ ਕੁਰਬਾਨ ਕਰਨ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ

ਕੀਤੀ। ਕੁੱਲ 24 ਅਧਿਕਾਰੀਆਂ ਅਤੇ ਸੇਵਾਮੁਕਤ ਕਰਮਚਾਰੀਆਂ ਸਮੇਤ ਹੋਰ ਰੈਂਕਾਂ ਨੂੰ ਸ਼ਾਨਦਾਰ ਸੇਵਾ ਲਈ ਪੁਲਿਸ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਏ ਕਿ ਸ਼ਾਨਦਾਰ ਸੇਵਾ ਲਈ ਪੁਲਿਸ ਮੈਡਲ ਉਨ੍ਹਾਂ ਕੇਂਦਰੀ ਹਥਿਆਰਬੰਦ ਪੁਲਿਸ ਬਲ ਅਤੇ ਰਾਜ ਪੁਲਿਸ ਕਰਮਚਾਰੀਆਂ ਨੂੰ ਦਿੱਤਾ ਜਾਂਦਾ ਏ ਜਿਨ੍ਹਾਂ ਨੇ 18 ਸਾਲਾਂ ਤੋਂ ਵੱਧ ਸਮੇਂ ਤੋਂ ਦੇਸ਼ ਲਈ ਸ਼ਾਨਦਾਰ ਅਤੇ ਬੇਦਾਗ਼ ਸੇਵਾ ਕੀਤੀ ਏ।

---------------------------------------------------------------

ਪੰਜਾਬ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਡਾ.ਮਲਕੀਤ ਸਿੰਘ ਥਿੰਦ ਨੇ ਕਿਹਾ ਕਿ ਸਰਕਾਰ ਵੱਲੋਂ ਪਛੜੀਆਂ ਸ਼੍ਰੇਣੀਆਂ ਦੀ ਭਲਾਈ ਲਈ ਚੱਲ ਰਹੀਆਂ ਯੋਜਨਾਵਾਂ ਦਾ ਬਣਦਾ ਲਾਭ ਲੋੜਵੰਦਾਂ ਨੂੰ ਮੁਹੱਈਆ ਕਰਾਉਣਾ ਯਕੀਨੀ ਬਣਾਇਆ ਜਾਵੇ। ਉਹ ਅੱਜ ਮਾਨਸਾ ਵਿਚ ਵੱਖ-ਵੱਖ ਵਿਭਾਗਾਂ ਦੀਆਂ ਪੱਛੜੀਆਂ ਸ਼੍ਰੇਣੀਆਂ ਸਬੰਧੀ ਲੋਕ ਭਲਾਈ ਯੋਜਨਾਵਾਂ ਦਾ ਜਾਇਜ਼ਾ ਲੈਣ ਮੌਕੇ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਚੇਅਰਮੈਨ ਨੇ ਅਧਿਕਾਰੀਆਂ ਨੂੰ ਪੱਛੜੇ ਵਰਗ ਦੇ ਲੋੜਵੰਦ ਲੋਕਾਂ ਨੂੰ ਸਰਕਾਰ ਦੀ ਹਰੇਕ ਯੋਜਨਾ ਬਾਰੇ ਵਿਸਥਾਰ ਨਾਲ ਜਾਣੂ ਕਰਵਾਉਣ ਦੀ ਹਦਾਇਤ ਕਰਦਿਆਂ ਕਿਹਾ ਕਿ ਹਰੇਕ ਗ੍ਰਾਂਟ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ ਦਾ ਲਾਭ ਲੈਣ ਵਿੱਚ ਕਿਸੇ ਨੂੰ ਮੁਸ਼ਕਲ ਪੇਸ਼ ਨਾ ਆਉਣ

ਦਿੱਤੀ ਜਾਵੇ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਹਰੇਕ ਵਰਗ ਨੇ ਨਾਲ-ਨਾਲ ਪੱਛੜੇ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਏ ।

---------------------------------------------------

ਮਾਨਸਾ ਜ਼ਿਲ੍ਹੇ ਦੇ ਪਿੰਡ ਬਖਸ਼ੀਵਾਲਾ ਵਿਖੇ ਪਿੱਕਅੱਪ ਗੱਡੀ ਅਤੇ ਮੋਟਰਸਾਈਕਲ ਦੀ ਟੱਕਰ ਵਿੱਚ ਮੋਟਰਸਾਈਕਲ ਸਵਾਰ ਦੋ ਨੌਜ਼ਵਾਨਾਂ ਸਮੇਤ ਤਿੰਨ ਜਣਿਆਂ ਦੀ ਮੌਤ ਹੋ ਗਈ । ਸਾਡੇ ਪਤਰਕਾਰ ਨੇ ਦਸਿਆ ਏ ਕਿ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਪਿੰਡ ਬਖਸ਼ੀਵਾਲਾ ਦੇ ਬੂਟਾ ਸਿੰਘ ਅਤੇ ਜਗਤਾਰ ਸਿੰਘ  ਮੋਟਰਸਾਈਕਲ ’ਤੇ ਆਪਣੇ ਪਿੰਡ ਤੋਂ ਆ ਰਹੇ ਸਨ ਅਤੇ ਇਸ ਦੌਰਾਨ ਬੁਢਲਾਡੇ ਪਾਸਿਓ ਆ ਰਹੇ ਸਮਾਂ ਢੋਹਨ ਵਾਲੇ ਚਾਰ ਪਹੀਆ ਵਾਹਨ ਦੀ ਮੋਟਰਸਾਈਕਲ ਨਾਲ  ਟੱਕਰ ਹੋ ਗਈ ।ਹਾਦਸੇ ਦੌਰਾਨ ਬੂਟਾ ਸਿੰਘ ਅਤੇ ਜਗਤਾਰ ਸਿੰਘ ਦੀ ਮੌਕੇ ’ਤੇ ਮੌਤ ਹੋ ਗਈ। ਇਸ ਹਾਦਸੇ ਦੌਰਾਨ ਉਥੋਂ ਲੰਘ ਰਹੇ ਰਾਹਗੀਰ ਗੁਰਮੁਖ ਸਿੰਘ ਦੀ ਵੀ ਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਮੌਤ ਹੋ ਗਈ ।  ਗੁਰਮੁਖ ਸਿੰਘ ਹਰਿਆਣਾ ਦੇ ਟੋਹਾਣਾ ਤੋਂ ਆਕੇ ਅੱਜ ਕੱਲ੍ਹ ਪਿੰਡ ਕਾਹਨਗੜ੍ਹ ਰਹਿ ਰਿਹਾ ਸੀ। ਪੁਲਿਸ ਨੇ ਪਿਕਅਪ ਚਾਲਕ ਨੂੰ ਹਿਰਾਸਤ ਵਿੱਚ ਲੈ ਕਿ ਅਗਲੇਰੀ ਕਾਰਵਾਈ ਸ਼ੁਰੂ ਕਰ ਦਿਤੀ ਏ ।

---------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਉੱਤਰ ਪ੍ਰਦੇਸ਼ ਅਤੇ ਪੂਰਬੀ ਰਾਜਸਥਾਨ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਲਈ ਔਰੰਜ ਅਲਰਟ  ਜਾਰੀ ਕੀਤਾ ਏ। ਜੰਮੂ-ਕਸ਼ਮੀਰ, ਲੱਦਾਖ, ਹਿਮਾਚਲ ਪ੍ਰਦੇਸ਼, ਪੱਛਮੀ ਰਾਜਸਥਾਨ, ਉਤਰਾਖੰਡ ਅਤੇ ਦੇਸ਼ ਦੇ ਉੱਤਰ-ਪੂਰਬੀ ਹਿੱਸਿਆਂ ਵਿੱਚ ਸੰਘਣੀ ਧੁੰਦ ਦੀ ਸੰਭਾਵਨਾ ਏ। ਮੌਸਮ ਏਜੰਸੀ ਨੇ ਅਗਲੇ 2 ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਵਿੱਚ ਘੱਟੋ-ਘੱਟ ਤਾਪਮਾਨ ਵਿੱਚ 2 ਤੋਂ 3 ਡਿਗਰੀ ਸੈਲਸੀਅਸ ਦੀ ਗਿਰਾਵਟ ਆਉਣ ਦੀ ਪੇਸ਼ੀਨਗੋਈ ਵੀ ਕੀਤੀ ਗਈ ਏ।

---------------------------------------------------

ਇਸ ਦੌਰਾਨ ਸੰਘਣੀ ਧੁੰਦ ਕਾਰਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਰੇਲ ਸੇਵਾਵਾਂ ਵਿੱਚ ਵਿਘਨ ਪਿਆ ਏ, ਤੇ ਕਈ ਰੇਲ ਗੱਡੀਆਂ ਦੀ ਆਵਾਜਾਈ ਪ੍ਰਭਾਵਿਤ ਹੋਈ ਏ।

ਭਾਰਤੀ ਰੇਲਵੇ ਮੁਤਾਬਿਕ,  ਘੱਟ ਦਿਖਾਈ ਦੇਣ ਕਾਰਨ ਦਿੱਲੀ ਜਾਣ ਵਾਲੀਆਂ 70 ਤੋਂ ਵੱਧ ਰੇਲਗੱਡੀਆਂ, ਦੋ ਘੰਟੇ ਦੀ ਦੇਰੀ ਨਾਲ ਚੱਲ ਰਹੀਆਂ ਨੇ. ਮੁਸਾਫ਼ਿਰਾਂ ਨੂੰ ਸਲਾਹ ਦਿੱਤੀ ਗਈ ਏ ਕਿ ਉਹ ਪਰੇਸ਼ਾਨੀ

ਅਤੇ ਦੇਰੀ ਤੋਂ ਬਚਣ ਲਈ ਸਟੇਸ਼ਨ 'ਤੇ ਪਹੁੰਚਣ ਤੋਂ ਪਹਿਲਾਂ ਆਪਣੀਆਂ ਰੇਲਗੱਡੀਆਂ ਦੀ ਤਾਜ਼ਾ ਸਥਿਤੀ ਦੀ ਜਾਂਚ ਕਰਨ।

---------------------------------------------------------

- ਪੰਜਾਬ BJP ਦੇ ਪ੍ਰਧਾਨ ਸੁਨੀਲ ਕੁਮਾਰ ਜਾਖੜ ਨੇ ਵਿਕਸਿਤ ਭਾਰਤ-ਜੀ ਰਾਮ ਜੀ ਯੋਜਨਾ ਬਾਰੇ ਜਨ ਜਾਗਰੂਕਤਾ ਮੁਹਿੰਮ ਦੀ ਫਾਜ਼ਿਲਕਾ ਜ਼ਿਲ੍ਹੇ ਤੋਂ ਸ਼ੁਰੂਆਤ ਕੀਤੀ-ਕਿਹਾ ਇਹ ਯੋਜਨਾ "ਸਬਕਾ ਸਾਥ, ਸਬਕਾ ਵਿਕਾਸ" ਨੀਤੀ ਤਹਿਤ ਤਿਆਰ ਕੀਤੀ ਗਈ ਏ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਅੱਜ ਫਗਵਾੜਾ ਤੋਂ ਸੂਬੇ ਵਿੱਚ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੇ ਦੂਜੇ ਗੇੜ ਦਾ ਆਗਾਜ਼ ।
- BSF ਵਲੋਂ ਸ਼ਾਨਦਾਰ ਸੇਵਾਵਾ ਲਈ ਪੁਲਿਸ ਮੈਡਲ ਪ੍ਰਦਾਨ ਕਰਨ ਵਾਸਤੇ ਸਮਾਰੋਹ ਦਾ ਆਯੋਜਨ-24 ਅਧਿਕਾਰੀਆਂ ਅਤੇ ਸੇਵਾਮੁਕਤ ਕਰਮਚਾਰੀਆਂ ਨੂੰ ਕੀਤਾ ਗਿਆ ਸਨਮਾਨਿਤ ।
- ਪੰਜਾਬ ਪਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਵਲੋਂ ਭਲਾਈ ਯੋਜਨਾਵਾਂ ਦਾ ਜਾਇਜ਼ਾ ਲਿਆ-ਕਿਹਾ ਯੋਜਨਾਵਾਂ ਦਾ ਬਣਦਾ ਲਾਭ ਲੋੜਵੰਦਾਂ ਨੂੰ ਮੁਹੱਈਆ ਕਰਾਉਣਾ ਯਕੀਨੀ ਬਣਾਇਆ ਜਾਵੇ ।

- ਮਾਨਸਾ ਜ਼ਿਲ੍ਹੇ ਵਿਚ ਪਿੱਕਅੱਪ ਗੱਡੀ ਅਤੇ ਮੋਟਰਸਾਈਕਲ ਦੀ ਟੱਕਰ ਵਿੱਚ ਮੋਟਰਸਾਈਕਲ ਸਵਾਰ ਦੋ ਨੌਜ਼ਵਾਨਾਂ ਸਮੇਤ ਤਿੰਨ ਜਣਿਆਂ ਦੀ ਮੌਤ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**